**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 24-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਵੀਂ ਦਿੱਲੀ ਵਿੱਚ ਨੀਤੀ ਆਯੋਗ ਦੀ 10ਵੀਂ ਗਵਰਨਿੰਗ ਕੌਂਸਲ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਨੇ । ਮੀਟਿੰਗ ਵਿੱਚ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ, ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਚੰਦਰਬਾਬੂ ਨਾਇਡੂ, ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ, ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਅਤੇ ਛੱਤੀਸਗੜ੍ਹ ਦੇ ਮੁੱਖ ਮੰਤਰੀ ਵਿਸ਼ਨੂੰ ਦੇਵ ਸਾਈਂ ਸਮੇਤ ਹੋਰ ਮੈਂਬਰ ਹਿੱਸਾ ਲੈ ਰਹੇ ਨੇ । ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਉਪ ਰਾਜਪਾਲ, ਕੇਂਦਰੀ ਮੰਤਰੀ ਅਤੇ ਨੀਤੀ ਆਯੋਗ ਦੇ ਉਪ ਚੇਅਰਮੈਨ, ਮੈਂਬਰ ਅਤੇ ਮੁਖ ਕਾਰਜਕਾਰੀ ਅਧਿਕਾਰੀ ਵੀ ਮੀਟਿੰਗ ਵਿੱਚ ਮੌਜੂਦ ਹਨ। ਗਵਰਨਿੰਗ ਕੌਂਸਲ ਦੀ ਮੀਟਿੰਗ 2047 ਤੱਕ ਇੱਕ ਵਿਕਸਤ

ਭਾਰਤ ਲਈ ਇੱਕ ਵਿਕਸਤ ਰਾਜ ਦੇ ਦ੍ਰਿਸ਼ਟੀਕੋਣ 'ਤੇ ਚਰਚਾ ਕਰ ਰਹੀ ਏ।

---------------------------------------------------------------

ਭਾਰਤ ਨੇ ਪਾਕਿਸਤਾਨੀ ਜਹਾਜ਼ਾਂ ਲਈ ਨੋਟਮ ਯਾਨੀ ਹਵਾਈ ਖੇਤਰ 'ਤੇ ਪਾਬੰਦੀ 23 ਜੂਨ ਤੱਕ ਵਧਾ ਦਿੱਤੀ ਏ। ਸ਼ਹਿਰੀ ਹਵਾਬਾਜ਼ੀ ਮੰਤਰਾਲੇ ਦੇ ਅਨੁਸਾਰ,ਫੌਜੀ ਜਹਾਜ਼ਾਂ ਸਮੇਤ ਪਾਕਿਸਤਾਨ ਵਿੱਚ ਰਜਿਸਟਰਡ ਅਤੇ ਸੰਚਾਲਿਤ ਕਿਸੇ ਵੀ ਜਹਾਜ਼ ਨੂੰ ਭਾਰਤੀ ਹਵਾਈ ਖੇਤਰ ਵਿੱਚ ਦਾਖਲ ਹੋਣ ਦੀ ਇਜਾਜ਼ਤ ਨਹੀਂ ਹੋਵੇਗੀ। ਨਵੀਂ ਦਿੱਲੀ ਵਿੱਚ ਮੀਡੀਆ ਨਾਲ ਗੱਲਬਾਤ ਕਰਦੇ ਹੋਏ, ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮਮੋਹਨ ਨਾਇਡੂ ਕਿੰਜਾਰੱਪੂ ਨੇ ਕਿਹਾ ਕਿ ਨੋਟਮ ਨੂੰ ਵਧਾ ਦਿੱਤਾ ਗਿਆ ਏ ।

---------------------------------------------------------------

ਰਾਜ ਸਭਾ ਮੈਂਬਰ ਅਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕੌਮੀ ਮਾਰਗਾਂ 'ਤੇ ਪਾਣੀ ਦੀ ਨਿਕਾਸੀ ਲਈ ਕੌਮੀ ਸ਼ਾਹਰਾਹ ਅਥਾਰਟੀ ਵੱਲੋਂ ਬਣਾਏ ਜਾ ਰਹੇ ਛੋਟੇ ਪੁਲਾਂ ਦੇ ਗਲਤ ਡਿਜ਼ਾਈਨ ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਏ। ਉਨ੍ਹਾਂ ਨੇ ਕੇਂਦਰੀ ਮੰਤਰੀ

ਨਿਤਿਨ ਗਡਕਰੀ ਨੂੰ ਇੱਕ ਪੱਤਰ ਲਿਖ ਕੇ ਇਹ ਮਸਲਾ ਉਠਾਇਆ ਏ ਅਤੇ  ਅਥਾਰਟੀ ਦੇ ਅਧਿਕਾਰੀਆਂ ਨੂੰ ਇਸ ਪ੍ਰਤੀ ਜਵਾਬਦੇਹ ਬਣਾਉਣ ਦੀ ਮੰਗ ਕੀਤੀ ਏ। ਸੰਤ ਸੀਚੇਵਾਲ ਨੇ ਅਥਾਰਟੀ ਦੇ ਅਧਿਕਾਰੀਆਂ ਵਲੋਂ ਐਨ.ਐਚ. ਨੰਬਰ 44 ‘ਤੇ ਬਣੀ ਪੁਲੀ ਡਰੇਨ ਦੇ ਪੱਧਰ ਤੋਂ ਚਾਰ ਫੁੱਟ ਉਚੀ ਬਣਾਉਣ 'ਤੇ ਸਖਤੀ ਨਾਲ ਪੇਸ਼ ਆਏ। ਉਹਨਾਂ ਕਿਹਾ ਕਿ ਇਸ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ। ਸੰਤ ਸੀਚੇਵਾਲ ਨੇ ਸਾਈਟ ਡਾਇਰੈਕਟਰ ਨੂੰ ਸਖਤ ਸ਼ਬਦਾਂ ਵਿੱਚ ਤਾੜਨਾ ਕੀਤੀ ਕਿ, ਮਾਹਿਰ ਇੰਜੀਅਨਰ ਹੋਣ ਦੇ ਬਾਵਜੂਦ ਵੀ ਅਜਿਹੀਆਂ ਗਲਤੀਆਂ ਦਾ ਹੋਣਾ ਬਹੁਤ ਹੀ ਮੰਦਭਾਗਾ ਏ। ਉਨ੍ਹਾਂ  ਇਸ ਮੁੱਦੇ ਨੂੰ ਜਲਦ ਤੋਂ ਜਲਦ ਹੱਲ ਕਰਨ ਦੀਆਂ ਹਿਦਾਇਤਾਂ ਕੀਤੀਆਂ।

-------------------------------------------------------

ਕੌਮੀ  ਗ੍ਰੀਨ ਟ੍ਰਿਬਿਊਨਲ ਨੇ ਮਾਲਵਾ ਖੇਤਰ ਦੀਆਂ ਨਹਿਰਾਂ ਵਿੱਚ ਵਹਿ ਰਹੇ ਪ੍ਰਦੂਸ਼ਿਤ ਪਾਣੀ ਦੇ ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ, ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੂੰ ਨੋਟਿਸ ਜਾਰੀ ਕੀਤੇ ਹਨ।

ਇਸ ਸਬੰਧੀ ਕੌਮੀ ਗ੍ਰੀਨ ਟ੍ਰਿਬਿਊਨਲ ਵੱਲੋਂ 18 ਸਤੰਬਰ ਨੂੰ ਹੋਣ ਵਾਲੀ ਅਗਲੀ ਸੁਣਵਾਈ ਦੀ ਤਰੀਕ ਤੋਂ ਘੱਟੋ-ਘੱਟ ਇੱਕ ਹਫ਼ਤਾ ਪਹਿਲਾਂ ਵਿਸਥਾਰ ਵਿਚ ਹਲਫ਼ਨਾਮਾ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਗਿਆ ਏ। ਦੱਸ ਦਈਏ ਕਿ ਸੂਬੇ ਦੇ ਫਿਰੋਜ਼ਪੁਰ, ਫਰੀਦਕੋਟ, ਮੁਕਤਸਰ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਵਿੱਚੋਂ ਲੰਘਦੀਆਂ ਨਹਿਰਾਂ ਵਿੱਚ ਦੂਸ਼ਿਤ ਪਾਣੀ ਦਾ ਪ੍ਰਵਾਹ ਗੰਭੀਰ ਸੰਕਟ ਬਣਿਆ ਹੋਇਆ ਏ।

------------------------------------------------------------

ਕੇਂਦਰੀ ਸੜਕੀ ਆਵਾਜਾਈ ਅਤੇ ਸ਼ਾਹਰਾਹ ਮੰਤਰਾਲੇ ਨੇ ਸ੍ਰੀ ਕੀਰਤਪੁਰ ਸਾਹਿਬ-ਨੰਗਲ ਰਾਜ ਮਾਰਗ ਨੂੰ ਚਹੁੰ-ਮਾਰਗੀ ਕਰਨ ਸਬੰਧੀ ਪ੍ਰੋਜੈਕਟ ਲਈ ਜ਼ਮੀਨ ਗ੍ਰਹਿਣ ਕਰਨ ਵਾਸਤੇ ਨੋਟੀਫ਼ਿਕੇਸ਼ਨ ਜਾਰੀ ਕਰ ਦਿੱਤਾ ਏ। ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਸੜਕ ਪੰਜਾਬ ਅਤੇ ਹਿਮਾਚਲ ਪ੍ਰਦੇਸ ਦਰਮਿਆਨ ਅਹਿਮ ਕੜੀ ਵਜੋਂ ਕੰਮ ਕਰਦੀ ਏ ਅਤੇ ਖਾਸ ਕਰਕੇ ਇਹ ਸ੍ਰੀ ਅਨੰਦਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਵਰਗੇ ਪਵਿੱਤਰ ਅਸਥਾਨਾਂ ਨੂੰ ਜੋੜਦੀ ਏ। ਉਨ੍ਹਾਂ ਕਿਹਾ ਕਿ ਸ੍ਰੀ ਕੀਰਤਪੁਰ ਸਾਹਿਬ-ਨੰਗਲ ਰਾਜਮਾਰਗ ਨੂੰ ਚਹੁੰ-

ਮਾਰਗੀ ਕਰਨ ਲਈ ਨੰਗਲ ਦੇ 21 ਪਿੰਡਾਂ ਅਤੇ ਸ੍ਰੀ ਅਨੰਦਪੁਰ ਸਾਹਿਬ ਦੇ 34 ਪਿੰਡਾਂ ਦੀ ਹਾਈਵੇਅ ਨੇੜਲੀ ਜਮੀਨ ਪ੍ਰਾਪਤ ਕੀਤੀ ਜਾਵੇਗੀ, ਜਿਸ ਦੇ ਲਾਗੂਕਰਨ ਲਈ ਸਬੰਧਤ ਐਸ.ਡੀ.ਐਮ. ਨੂੰ ਅਧਿਕਾਰ ਦਿੱਤੇ ਗਏ ਹਨ।

-------------------------------------------------

ਵਜਰ ਕੋਰ ਦੇ ਜਨਰਲ ਕਮਾਂਡਿੰਗ ਅਫਸਰ ਲੈਫਟੀਨੈਂਟ ਜਨਰਲ ਅਜੇ ਚੰਦਪੁਰੀਆ ਨੇ ਕੱਲ ਜਲੰਧਰ ਛਾਉਣੀ ਵਿਖੇ ਭਾਰਤੀ ਫੌਜ ਦੇ ਸਾਬਕਾ ਸੈਨਿਕਾਂ ਨਾਲ ਗੱਲਬਾਤ ਕੀਤੀ। ਇਹ ਗੱਲਬਾਤ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਵਿੱਚ ਸਾਬਕਾ ਸੈਨਿਕਾਂ ਅਤੇ ਸਥਾਨਕ ਭਾਈਚਾਰਿਆਂ ਦੇ ਅਣਮੁੱਲੇ ਯੋਗਦਾਨ ਨੂੰ ਸ਼ਰਧਾਂਜਲੀ ਸੀ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਜੀ.ਓ.ਸੀ ਨੇ ਸਾਬਕਾ ਸੈਨਿਕਾਂ ਦੀ ਨਿਰਸਵਾਰਥ ਸੇਵਾ ਅਤੇ ਦ੍ਰਿੜ ਵਚਨਬੱਧਤਾ ਦੀ ਸ਼ਲਾਘਾ ਕੀਤੀ । ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕ ਭਾਰਤੀ ਫੌਜ ਅਤੇ ਨਾਗਰਿਕਾਂ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨ, ਵਿਸ਼ਵਾਸ, ਏਕਤਾ ਅਤੇ ਰਾਸ਼ਟਰੀ ਮਾਣ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ । ਲੈਫਟੀਨੈਂਟ ਜਨਰਲ

ਚਾਂਦਪੁਰੀਆ ਨੇ ਮੌਜੂਦਾ ਸੁਰੱਖਿਆ ਸਥਿਤੀ ਦਾ ਵੀ ਜਾਇਜ਼ਾ ਲਿਆ ਅਤੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਰਾਹੀਂ ਆਮ ਜਨਤਾ ਨੂੰ ਭਰੋਸਾ ਦਿਵਾਇਆ ਕਿ ਭਾਰਤੀ ਫੌਜ ਰਾਸ਼ਟਰ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਤਿਆਰ ਅਤੇ ਦ੍ਰਿੜ ਏ।

--------------------------------------------------------

ਚੋਣ ਕਮਿਸ਼ਨ ਨੇ ਪੋਲਿੰਗ ਸਟੇਸ਼ਨਾਂ ਦੇ ਬਾਹਰ ਵੋਟਰਾਂ ਲਈ ਮੋਬਾਈਲ ਜਮਾ ਕਰਾਉਣ ਬਾਰੇ  ਸਹੂਲਤ ਪ੍ਰਦਾਨ ਕਰਨ ਅਤੇ ਪ੍ਰਚਾਰ ਸਬੰਧੀ ਨਿਯਮਾਂ ਨੂੰ ਤਰਕਸੰਗਤ ਬਣਾਉਣ ਲਈ ਦੋ ਹੋਰ ਵਿਆਪਕ ਨਿਰਦੇਸ਼ ਜਾਰੀ ਕੀਤੇ ਨੇ। ਇਹ ਨਿਰਦੇਸ਼ ਲੋਕ ਨੁਮਾਇੰਦਗੀ ਐਕਟ, 1951 ਅਤੇ ਕੰਡਕਟ ਆਫ ਇਲੈਕਸ਼ਨ ਰੂਲਜ਼, 1961 ਦੇ ਸਬੰਧਿਤ ਉਪਬੰਧਾਂ ਦੇ ਅਨੁਸਾਰ ਹਨ। ਸ਼ਹਿਰੀ ਅਤੇ ਪੇਂਡੂ ਦੋਵਾਂ ਖੇਤਰਾਂ ਵਿੱਚ ਮੋਬਾਈਲ ਫੋਨਾਂ ਦੀ ਵੱਧ ਰਹੀ ਵਰਤੋਂ ਅਤੇ ਵੋਟਰਾਂ ਦੇ ਨਾਲ ਨਾਲ ਬਜੁਰਗਾਂ, ਔਰਤਾਂ ਅਤੇ ਦਿਵਿਆਂਗ ਵੋਟਰਾਂ ਨੂੰ ਵੋਟਾਂ ਵਾਲੇ ਦਿਨ ਮੋਬਾਈਲ ਫੋਨਾਂ ਦੇ ਪ੍ਰਬੰਧਨ ਸਬੰਧੀ ਦਰਪੇਸ ਚੁਣੌਤੀਆਂ ਨੂੰ ਵੇਖਦਿਆਂ, ਕਮਿਸ਼ਨ ਨੇ ਪੋਲਿੰਗ ਸਟੇਸ਼ਨਾਂ ਦੇ ਬਾਹਰ ਮੋਬਾਈਲ ਰੱਖਣ, ਜਮ੍ਹਾਂ ਕਰਾਉਣ ਦੀ ਸਹੂਲਤ ਨੂੰ

ਮਨਜ਼ੂਰੀ ਦੇਣ ਦਾ ਫੈਸਲਾ ਕੀਤਾ ਏ। ਪੋਲਿੰਗ ਸਟੇਸ਼ਨ ਦੇ 100 ਮੀਟਰ ਦੇ ਅੰਦਰ ਸਿਰਫ ਸਵਿੱਚ-ਆਫ ਮੋਡ ਵਿੱਚ ਮੋਬਾਈਲ ਫੋਨ ਹੀ ਰੱਖਣ ਦੀ ਇਜ਼ਾਜਤ ਹੋਵੇਗੀ। ਵੋਟਰ ਨੂੰ ਪੋਲਿੰਗ ਸਟੇਸ਼ਨ ਦੇ ਅੰਦਰ ਮੋਬਾਈਲ ਫੋਨ ਲੈ ਜਾਣ ਦੀ ਇਜਾਜਤ ਨਹੀਂ ਹੋਵੇਗੀ। ਹਾਲਾਂਕਿ, ਰਿਟਰਨਿੰਗ ਅਫਸਰ ਵੱਲੋਂ ਪ੍ਰਤੀਕੂਲ ਸਥਾਨਕ ਹਾਲਾਤ ਦੇ ਆਧਾਰ ‘ਤੇ ਕੁਝ ਪੋਲਿੰਗ ਸਟੇਸਨਾਂ ਨੂੰ ਇਸ ਵਿਵਸਥਾ ਤੋਂ ਛੋਟ ਦਿੱਤੀ ਜਾ ਸਕਦੀ ਏ।

---------------------------------------------------------

ਪੰਜਾਬ ਦੇ ਲੋਕਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕਰਨ ਲਈ ਲਗਾਤਾਰ ਨਸ਼ਾ-ਮੁਕਤੀ ਯਾਤਰਾਵਾਂ ਦਾ ਆਯੋਜਨ ਕੀਤਾ ਜਾ ਰਿਹਾ ਏ। ਇਸੇ ਲੜੀ ਤਹਿਤ ਹਲਕਾ ਕੋਟਕਪੂਰਾ ਦੇ ਵੱਖ ਵੱਖ ਪਿੰਡ ਵਿਚ ਨਸ਼ਾ-ਮੁਕਤੀ ਯਾਤਰਾ ਵਿੱਚ ਪੰਜਾਬ ਵਿਧਾਨ ਸਭਾ ਸਪੀਕਰ  ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਲੋਕਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ। ਸਪੀਕਰ  ਨੇ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਵਿਚੋਂ ਬਾਹਰ ਕੱਢ ਕੇ ਉਨ੍ਹਾਂ ਨੂੰ ਸਿਹਤਮੰਦ ਅਤੇ ਵਧੀਆ ਭਵਿੱਖ ਦੇਣ ਲਈ ਪੰਜਾਬ ਸਰਕਾਰ ਨਸ਼ਿਆਂ ਦੇ ਖਿਲਾਫ਼ ਜੰਗ ਨੂੰ ਪੂਰੀ

ਗੰਭੀਰਤਾ ਨਾਲ ਲੈ ਰਹੀ ਏ ਅਤੇ ਲੋਕਾਂ ਨੂੰ ਇਸ ਦਾ ਹਿੱਸਾ ਵੀ ਬਣਾਇਆ ਜਾ ਰਿਹਾ ਏ । ਓਧਰ ਜ਼ਿਲ੍ਹੇ ਦੇ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਹਲਕਿਆਂ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਅਤੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ ਗਈ।

ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਹਲਕੇ ਦੇ ਪਿੰਡ ਚੌਂਤਰਾ, ਚੜ੍ਹੇਵਾਨ ਅਤੇ ਝਬੇਲਵਾਲੀ ਵਿਖੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪ੍ਰਣ ਕਰ ਕੇ ਅਤੇ ਹਰ ਹੀਲੇ ਉਸ ਪ੍ਰਣ ਨੂੰ ਨਿਭਾਉਣ ਵਿੱਚ ਕਿਸੇ ਵੀ ਨਾਗਰਿਕ ਨੂੰ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਹਰ ਇੱਕ ਪਿੰਡ ਵਿੱਚ ਪਿੰਡ ਸੁਰੱਖਿਆ ਕਮੇਟੀਆਂ ਕਾਰਜਸ਼ੀਲ ਨੇ । ਇਸੇ ਤਰ੍ਹਾਂ ਹੀ ਮਲੋਟ ਹਲਕੇ ਦੇ ਪਿੰਡ ਫਕਰਸਰ ਥੇੜ੍ਹੀ, ਘੱਗਾ, ਮੱਲਵਾਲਾ ਅਤੇ ਕਟੋਰੇਵਾਲਾ ਵਿਖੇ ਜਾਗਰੂਕਤਾ ਮੀਟਿੰਗਾਂ ਵਿੱਚ ਕੀਤੀਆਂ ਗਈਆਂ ।